ਪ੍ਰਭਾਤੀ ਮਹਲਾ ੩ ॥ ਆਪੇ ਭਾਂਤਿ ਬਣਾਏ ਬਹੁ ਰੰਗੀ ਸਿਸਟਿ ਉਪਾਇ ਪ੍ਰਭਿ ਖੇਲੁ ਕੀਆ ॥ ਕਰਿ ਕਰਿ ਵੇਖੈ ਕਰੇ ਕਰਾਏ ਸਰਬ ਜੀਆ ਨੋ ਰਿਜਕੁ ਦੀਆ ॥ ੧॥ ਕਲੀ ਕਾਲ ਮਹਿ ਰਵਿਆ ਰਾਮੁ ॥ ਘਟਿ ਘਟਿ ਪੂਰਿ ਰਹਿਆ ਪ੍ਰਭੁ ਏਕੋ ਗੁਰਮੁਖਿ ਪਰਗਟੁ ਹਰਿ ਹਰਿ ਨਾਮੁ ॥ ੧॥ ਰਹਾਉ ॥ ਗੁਪਤਾ ਨਾਮੁ ਵਰਤੈ ਵਿਚਿ ਕਲਜੁਗਿ ਘਟਿ ਘਟਿ ਹਰਿ ਭਰਪੂਰਿ ਰਹਿਆ ॥ ਨਾਮੁ ਰਤਨੁ ਤਿਨਾ ਹਿਰਦੈ ਪ੍ਰਗਟਿਆ ਜੋ ਗੁਰ ਸਰਣਾਈ ਭਜਿ ਪਇਆ ॥ ੨॥ ਇੰਦ੍ਰੀ ਪੰਚ ਪੰਚੇ ਵਸਿ ਆਣੈ ਖਿਮਾ ਸੰਤੋਖੁ ਗੁਰਮਤਿ ਪਾਵੈ ॥ ਸੋ ਧਨੁ ਧਨੁ ਹਰਿ ਜਨੁ ਵਡ ਪੂਰਾ ਜੋ ਭੈ ਬੈਰਾਗਿ ਹਰਿ ਗੁਣ ਗਾਵੈ ॥ ੩॥ ਗੁਰ ਤੇ ਮੁਹੁ ਫੇਰੇ ਜੇ ਕੋਈ ਗੁਰ ਕਾ ਕਹਿਆ ਨ ਚਿਤਿ ਧਰੈ ॥ ਕਰਿ ਆਚਾਰ ਬਹੁ ਸੰਪਉ ਸੰਚੈ ਜੋ ਕਿਛੁ ਕਰੈ ਸੁ ਨਰਕਿ ਪਰੈ ॥ ੪॥ ਏਕੋ ਸਬਦੁ ਏਕੋ ਪ੍ਰਭੁ ਵਰਤੈ ਸਭ ਏਕਸੁ ਤੇ ਉਤਪਤਿ ਚਲੈ ॥ ਨਾਨਕ ਗੁਰਮੁਖਿ ਮੇਲਿ ਮਿਲਾਏ ਗੁਰਮੁਖਿ ਹਰਿ ਹਰਿ ਜਾਇ ਰਲੈ ॥੫॥੬॥ {ਪੰਨਾ 1334}

ਪਦ ਅਰਥ:- ਆਪੇ—(ਪ੍ਰਭੂ) ਆਪ ਹੀ। ਭਾਂਤਿ—ਅਨੇਕਾਂ ਕਿਸਮਾਂ ਦੀ। ਬਹੁ ਰੰਗੀ—ਅਨੇਕਾਂ ਰੰਗਾਂ ਦੀ। ਉਪਾਇ—ਪੈਦਾ ਕਰ ਕੇ। ਪ੍ਰਭਿ—ਪ੍ਰਭੂ ਨੇ। ਖੇਲੁ—ਜਗਤ-ਤਮਾਸ਼ਾ। ਕਰਿ—ਕਰ ਕੇ। ਕਰਿ ਕਰਿ—('ਖੇਲੁ') ਰਚ ਰਚ ਕੇ। ਕਰਾਏ—(ਜੀਵਾਂ ਪਾਸੋਂ) ਕਰਾਂਦਾ ਹੈ।1।

ਕਲੀ ਕਾਲ ਮਹਿ—ਇਸ ਜੀਵਨ-ਸਮੇ ਵਿਚ ਜੋ ਕਈ ਬਖੇੜਿਆਂ ਨਾਲ ਘਿਰਿਆ ਪਿਆ ਹੈ। ਕਲੀ—ਝਗੜੇ-ਕਲੇਸ਼। ਰਵਿਆ—ਸਿਮਰਿਆ। ਘਟਿ ਘਟਿ—ਹਰੇਕ ਸਰੀਰ ਵਿਚ। ਗੁਰਮੁਖਿ—ਗੁਰੂ ਦੀ ਰਾਹੀਂ।1। ਰਹਾਉ।

ਗੁਪਤਾ—ਲੁਕਿਆ ਹੋਇਆ। ਵਿਚਿ—(ਹਰੇਕ ਜੀਵ ਦੇ) ਅੰਦਰ। ਕਲਜੁਗਿ—ਕਲਜੁਗ ਵਿਚ, ਬਖੇੜਿਆਂ-ਭਰੇ ਜੀਵਨ-ਸਮੇ ਵਿਚ। ਘਟਿ ਘਟਿ—ਹਰੇਕ ਘਟ ਵਿਚ। ਹਿਰਦੈ—ਹਿਰਦੇ ਵਿਚ। ਭਜਿ ਪਇਆ—ਛੇਤੀ ਜਾ ਪਿਆ।2।

ਪੰਚੇ—ਪੰਜ ਹੀ। ਵਸਿ—ਵੱਸ ਵਿਚ। ਆਣੈ—ਲਿਆਉਂਦਾ ਹੈ। ਖਿਮਾ—ਕਿਸੇ ਦੀ ਵਧੀਕੀ ਨੂੰ ਸਹਾਰਨ ਦਾ ਸੁਭਾਉ। ਧਨੁ ਧਨੁ—ਧੰਨ ਧੰਨ, ਭਾਗਾਂ ਵਾਲਾ। ਭੈ—(ਪਰਮਾਤਮਾ ਦੇ) ਡਰ-ਅਦਬ ਵਿਚ (ਰਹਿ ਕੇ)। ਬੈਰਾਗਿ—(ਦੁਨੀਆ ਵਲੋਂ) ਉਪਰਾਮਤਾ ਵਿਚ।3।

ਤੇ—ਤੋਂ। ਚਿਤਿ—(ਆਪਣੇ) ਚਿੱਤ ਵਿਚ। ਕਰਿ ਆਚਾਰ—(ਕਰਮ-ਕਾਂਡ ਦੇ) ਕਰਮ ਕਰ ਕੇ। ਸੰਪਉ—ਧਨ। ਸੰਚੈ—ਇਕੱਠਾ ਕਰਦਾ ਹੈ। ਨਰਕਿ—ਨਰਕ ਵਿਚ, ਦੁੱਖ ਵਿਚ। ਪਰੈ—ਪਿਆ ਰਹਿੰਦਾ ਹੈ।4।

ਏਕੋ—ਇੱਕ ਹੀ। ਸਬਦੁ—(ਪਰਮਾਤਮਾ ਦਾ) ਹੁਕਮ। ਵਰਤੈ—ਚੱਲ ਰਿਹਾ ਹੈ। ਏਕਸੁ ਤੇ—ਇੱਕ ਪਰਮਾਤਮਾ ਤੋਂ ਹੀ। ਗੁਰਮੁਖਿ—ਗੁਰੂ ਦੀ ਰਾਹੀਂ।5।

ਅਰਥ:- ਹੇ ਭਾਈ! ਸਿਰਫ਼ ਪਰਮਾਤਮਾ ਹੀ ਹਰੇਕ ਘਟ ਵਿਚ ਵਿਆਪਕ ਹੈ, ਪਰ ਜਿਸ ਮਨੁੱਖ ਨੇ ਇਸ ਬਖੇੜਿਆਂ-ਭਰੇ ਜੀਵਨ-ਸਮੇ ਵਿਚ ਗੁਰੂ ਦੀ ਸਰਨ ਪੈ ਕੇ ਉਸ ਰਾਮ ਨੂੰ ਸਿਮਰਿਆ ਹੈ, ਉਸ ਦੇ ਅੰਦਰ ਉਸ ਦਾ ਨਾਮ ਪਰਗਟ ਹੋ ਜਾਂਦਾ ਹੈ (ਅਤੇ ਝਗੜੇ-ਬਖੇੜੇ ਉਸ ਉੱਤੇ ਜ਼ੋਰ ਨਹੀਂ ਪਾ ਸਕਦੇ)।1। ਰਹਾਉ।

ਹੇ ਭਾਈ! ਪ੍ਰਭੂ ਆਪ ਹੀ ਕਈ ਕਿਸਮਾਂ ਦੀ ਕਈ ਰੰਗਾਂ ਦੀ ਸ੍ਰਿਸ਼ਟੀ ਰਚਦਾ ਹੈ। ਸ੍ਰਿਸ਼ਟੀ ਰਚ ਕੇ ਪ੍ਰਭੂ ਨੇ ਆਪ ਹੀ ਇਹ ਜਗਤ-ਤਮਾਸ਼ਾ ਬਣਾਇਆ ਹੈ। (ਇਹ ਜਗਤ-ਤਮਾਸ਼ਾ) ਰਚ ਰਚ ਕੇ (ਆਪ ਹੀ ਇਸ ਦੀ) ਸੰਭਾਲ ਕਰਦਾ ਹੈ, (ਸਭ ਕੁਝ ਆਪ ਹੀ) ਕਰ ਰਿਹਾ ਹੈ (ਜੀਵਾਂ ਪਾਸੋਂ) ਕਰਾ ਰਿਹਾ ਹੈ। ਸਭ ਜੀਵਾਂ ਨੂੰ ਆਪ ਹੀ ਰਿਜ਼ਕ ਦੇਂਦਾ ਆ ਰਿਹਾ ਹੈ।1।

ਹੇ ਭਾਈ! (ਹਰੇਕ ਸਰੀਰ ਵਿਚ) ਪਰਮਾਤਮਾ ਦਾ ਨਾਮ ਗੁਪਤ ਮੌਜੂਦ ਹੈ, ਬਖੇੜਿਆਂ-ਭਰੇ ਜੀਵਨ-ਸਮੇ ਵਿਚ (ਉਹ

ਆਪ ਹੀ ਸਭ ਦੇ ਅੰਦਰ ਲੁਕਿਆ ਪਿਆ ਹੈ)। ਪ੍ਰਭੂ ਹਰੇਕ ਸਰੀਰ ਵਿਚ ਵਿਆਪਕ ਹੈ। (ਫਿਰ ਭੀ ਉਸ ਦਾ) ਸ੍ਰੇਸ਼ਟ ਨਾਮ ਉਹਨਾਂ ਮਨੁੱਖਾਂ ਦੇ ਹਿਰਦੇ ਵਿਚ (ਹੀ) ਪਰਗਟ ਹੁੰਦਾ ਹੈ, ਜਿਹੜੇ ਗੁਰੂ ਦੀ ਸਰਨ ਜਾ ਪੈਂਦੇ ਹਨ।2।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਮਤਿ ਦੀ ਰਾਹੀਂ ਖਿਮਾ ਸੰਤੋਖ (ਆਦਿਕ ਗੁਣ) ਹਾਸਲ ਕਰ ਲੈਂਦਾ ਹੈ, ਜਿਹੜਾ ਮਨੁੱਖ ਡਰ-ਅਦਬ ਵਿਚ ਰਹਿ ਕੇ ਵੈਰਾਗ ਨਾਲ ਪਰਮਾਤਮਾ ਦੇ ਗੁਣ ਗਾਂਦਾ ਹੈ, ਉਹ ਮਨੁੱਖ ਭਾਗਾਂ ਵਾਲਾ ਹੈ, ਉਹ ਮਨੁੱਖ ਵੱਡਾ ਹੈ ਗੁਣਾਂ ਵਿਚ ਪੂਰਨ ਹੈ (ਇਹ ਜੋ ਬਲਵਾਨ) ਪੰਜ ਇੰਦ੍ਰੇ ਹਨ ਇਹਨਾਂ ਪੰਜਾਂ ਨੂੰ ਆਪਣੇ ਵੱਸ ਵਿਚ ਲੈ ਆਉਂਦਾ ਹੈ।3।

ਪਰ, ਹੇ ਭਾਈ! ਜੇ ਕੋਈ ਮਨੁੱਖ ਗੁਰੂ ਵਲੋਂ ਮੂੰਹ ਪਰਤਾਈ ਰੱਖਦਾ ਹੈ, ਗੁਰੂ ਦਾ ਬਚਨ ਆਪਣੇ ਮਨ ਵਿਚ ਨਹੀਂ ਵਸਾਂਦਾ, (ਉਂਞ ਤੀਰਥ-ਜਾਤ੍ਰਾ ਆਦਿਕ ਮਿਥੇ ਹੋਏ) ਧਾਰਮਿਕ ਕਰਮ ਕਰ ਕੇ ਬਹੁਤ ਧਨ ਭੀ ਇਕੱਠਾ ਕਰ ਲੈਂਦਾ ਹੈ, (ਫਿਰ ਭੀ) ਉਹ ਜੋ ਕੁਝ ਕਰਦਾ ਹੈ (ਉਹ ਕਰਦਿਆਂ) ਨਰਕ ਵਿਚ ਹੀ ਪਿਆ ਰਹਿੰਦਾ ਹੈ (ਸਦਾ ਦੁੱਖੀ ਹੀ ਰਹਿੰਦਾ ਹੈ)।4।

ਹੇ ਭਾਈ! (ਜੀਵਾਂ ਦੇ ਭੀ ਕੀਹ ਵੱਸ?) ਇਕ ਪਰਮਾਤਮਾ ਹੀ (ਸਾਰੇ ਜਗਤ ਵਿਚ) ਮੌਜੂਦ ਹੈ, (ਪਰਮਾਤਮਾ ਦਾ ਹੀ) ਹੁਕਮ ਚੱਲ ਰਿਹਾ ਹੈ। ਇਕ ਪਰਮਾਤਮਾ ਤੋਂ ਹੀ ਸਾਰੀ ਸ੍ਰਿਸ਼ਟੀ ਦੀ ਕਾਰ ਚੱਲ ਰਹੀ ਹੈ। ਹੇ ਨਾਨਕ! ਗੁਰੂ ਦੀ ਸਰਨ ਪਾ ਕੇ ਪ੍ਰਭੂ ਆਪ ਹੀ ਜਿਸ ਜੀਵ ਨੂੰ ਆਪਣੇ ਨਾਲ ਮਿਲਾਂਦਾ ਹੈ, ਉਹ ਜੀਵ ਗੁਰੂ ਦੀ ਰਾਹੀਂ ਪਰਮਾਤਮਾ ਵਿਚ ਜਾ ਮਿਲਦਾ ਹੈ।5।6।